# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 07-09-2024**

ਮੱਧਮ ਰੇਂਜ ਦੀ ਬੈਲਿਸਟਿਕ ਮਿਜ਼ਾਈਲ ਅਗਨੀ-IV ਦਾ ਕੱਲ੍ਹ ਓਡੀਸ਼ਾ ਦੇ ਚਾਂਦੀਪੁਰ ਵਿਖੇ, ਏਕੀਕ੍ਰਿਤ ਟੈਸਟ ਰੇਂਜ ਤੋਂ ਸਫ਼ਲਤਾ-ਪੂਰਵਕ ਪ੍ਰੀਖਣ ਕੀਤਾ ਗਿਆ। ਰੱਖਿਆ ਮੰਤਰਾਲੇ ਨੇ ਕਿਹਾ ਕਿ ਲਾਂਚ ਦੌਰਾਨ ਸਾਰੇ ਸੰਚਾਲਨ ਅਤੇ ਤਕਨੀਕੀ ਮਾਪਦੰਡਾਂ ਨੂੰ ਸਫਲਤਾਪੂਰਵਕ ਪੂਰਾ ਕੀਤਾ ਗਿਆ ਏ।ਇਹ ਪ੍ਰੀਖਣ ਦੇਸ਼ ਦੀ ਰੱਖਿਆ ਸਮਰੱਥਾ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਹੋਰ ਮੀਲ ਪੱਥਰ ਏ। ਇਸ ਸਾਲ ਅਪ੍ਰੈਲ ਵਿੱਚ, ਭਾਰਤ ਨੇ ਉੜੀਸਾ ਦੇ ਤੱਟ ਤੋਂ ਨਵੀਂ ਪੀੜ੍ਹੀ ਦੀ ਪ੍ਰਮਾਣੂ ਸਮਰੱਥਾ ਵਾਲੀ ਅਗਨੀ-ਪ੍ਰਾਈਮ ਬੈਲਿਸਟਿਕ ਮਿਜ਼ਾਈਲ ਦਾ ਸਫਲ ਪ੍ਰੀਖਣ ਕੀਤਾ ਸੀ। ਅਗਨੀ ਮਿਜ਼ਾਈਲ ਲੰਬੀ ਦੂਰੀ ਦੀ, ਪ੍ਰਮਾਣੂ ਸਮਰੱਥਾ ਵਾਲੀ, ਸਤ੍ਹਾ ਤੋਂ ਸਤ੍ਹਾ ਤੱਕ ਮਾਰ ਕਰਨ ਵਾਲੀ ਬੈਲਿਸਟਿਕ ਮਿਜ਼ਾਈਲ ਏ।ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਾਤ ਭਾਸ਼ਾ ਵਿੱਚ ਸਿੱਖਿਆ ਦੇ ਮਹੱਤਵ 'ਤੇ

ਜ਼ੋਰ ਦਿੱਤਾ ਏ ।ਸ੍ਰੀ ਮੋਦੀ ਨੇ ਕੱਲ੍ਹ ਨਵੀਂ ਦਿੱਲੀ ਵਿੱਚ ਰਾਸ਼ਟਰੀ ਅਧਿਆਪਕ ਪੁਰਸਕਾਰਾਂ ਨਾਲ ਸਨਮਾਨਿਤ ਅਧਿਆਪਕਾਂ ਨਾਲ ਗੱਲਬਾਤ ਕੀਤੀ । ਪ੍ਰਧਾਨ ਮੰਤਰੀ ਨੇ, ਉਨ੍ਹਾਂ ਨਾਲ ਰਾਸ਼ਟਰੀ ਸਿੱਖਿਆ ਨੀਤੀ ਦੇ ਪ੍ਰਭਾਵ ਬਾਰੇ ਵੀ ਚਰਚਾ ਕੀਤੀ। ਸ੍ਰੀ ਮੋਦੀ ਨੇ ਸੁਝਾਅ ਦਿੱਤਾ ਕਿ ਅਧਿਆਪਕਾਂ ਨੂੰ ਵੱਖ-ਵੱਖ ਭਾਸ਼ਾਵਾਂ ਵਿੱਚ ਵਿਦਿਆਰਥੀਆਂ ਨੂੰ ਸਥਾਨਕ ਲੋਕ-ਕਥਾਵਾਂ ਸੁਣਾਉਣੀਆਂ ਚਾਹੀਦੀਆਂ ਨੇ , ਤਾਂ ਜੋ ਵਿਦਿਆਰਥੀ ਕਈ ਭਾਸ਼ਾਵਾਂ ਸਿੱਖ ਸਕਣ ਅਤੇ ਦੇਸ਼ ਦੇ ਅਮੀਰ ਸੱਭਿਆਚਾਰ ਤੋਂ ਜਾਣੂ ਹੋ ਸਕਣ ।

---------------------------------------------------------------------

ਪੰਜਾਬ BJP ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਪੈਟਰੋਲ ਡੀਜ਼ਲ 'ਤੇ ਟੈਕਸ ਵਧਾਉਣ, ਘਰੇਲੂ ਬਿਜਲੀ ਸਪਲਾਈ 'ਤੇ 3 ਰੁਪਏ ਦੇ ਕਰੀਬ ਸਬਸਿਡੀ ਖਤਮ ਕਰਨ ਅਤੇ ਨਵੇਂ, ਪੁਰਾਣੇ ਸਕੂਟਰ, ਮੋਟਰਸਾਈਕਲ, ਕਾਰ ਸਮੇਤ ਹਰ ਟਰਾਂਸਪੋਰਟ ਵਾਹਨ ਦੀ ਖਰੀਦ 'ਤੇ ਗ੍ਰੀਨ ਟੈਕਸ ਲਗਾਉਣ ਵਿਰੁੱਧ ਬੀਤੇ ਕਲ ਰੋਸ ਪ੍ਰਦਰਸ਼ਨ ਕੀਤਾ ।BJP ਪ੍ਰਧਾਨ ਸੁਸ਼ੀਲ ਸ਼ਰਮਾ ਦੀਆਂ ਹਦਾਇਤਾਂ ਅਤੇ ਅਪੀਲ 'ਤੇ BJP ਨੇ

ਜਲੰਧਰ ਛਾਉਣੀ, ਮੱਧ ਅਤੇ ਉੱਤਰੀ ਸਮੇਤ 17 ਵਿਧਾਨ ਸਭਾ ਹਲਕਿਆਂ 'ਚ ਪੰਜਾਬ ਸਰਕਾਰ ਖਿਲਾਫ ਪ੍ਰਦਰਸ਼ਨ ਕੀਤਾ ਅਤੇ ਪੁਤਲੇ ਫੂਕੇ।ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ ਨੇ ਦੱਸਿਆ ਕਿ ਹਲਕਾ ਉੱਤਰੀ ਦੇ ਇੰਚਾਰਜ ਦਵਿੰਦਰ ਕਾਲੀਆ, ਡਵੀਜ਼ਨ 1 ਦੇ ਇੰਚਾਰਜ ਹਿਤੇਸ਼ ਸਿਆਲ ਦੀ ਅਗਵਾਈ ਹੇਠ ਮਕਸੂਦਾ ਚੌਕ, ਡਵੀਜ਼ਨ 2 ਦੇ ਪ੍ਰਧਾਨ ਕੁਲਵੰਤ ਸ਼ਰਮਾ, ਇੰਚਾਰਜ ਅਸ਼ਵਨੀ ਭੰਡਾਰੀ ਦੀ ਅਗਵਾਈ ਹੇਠ ਬਾਬਾ ਸੋਡਲ ਚੌਕ ਵਿਚ ਅਤੇ ਇਸੇ ਤਰਾਂ ਜ਼ਿਲੇ ਵਿਚ ਵੱਖ ਵੱਖ ਥਾਵਾਂ ਤੇ ਇਹ ਰੋਸ ਪ੍ਰਦਰਸ਼ਨ ਕੀਤਾ ਗਿਆ । Vਸੁਸ਼ੀਲ ਸ਼ਰਮਾ ਨੇ ਜਲੰਧਰ ਦੀਆਂ 17 ਡਿਵੀਜ਼ਨਾਂ ਵਿੱਚ ਮਹਿਜ਼ 10 ਘੰਟਿਆਂ ਵਿੱਚ ਇਸ ਆਯੋਜਨ ਲਈ ਸਮੂਹ ਵਿਧਾਨ ਸਭਾ ਇੰਚਾਰਜਾਂ, ਮੰਡਲ ਪ੍ਰਧਾਨਾਂ ਅਤੇ ਡਵੀਜ਼ਨ ਇੰਚਾਰਜਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਨਰੇਂਦਰ ਮੋਦੀ ਸਰਕਾਰ ਨੇ ਤਿੰਨ ਵਾਰ ਕੀਮਤਾਂ ਘਟਾਈਆਂ ਨੇ । ਇਸ ਦੌਰਾਨ ਟਾਂਡਾ ਅੱਡਾ ਚੌਕ ਵਿੱਚ ਪੁੱਜੇ ਪੰਜਾਬ BJP ਦੇ ਜਨਰਲ ਸਕੱਤਰ ਰਾਕੇਸ਼ ਰਾਠੌੜ ਨੇ ਕਿਹਾ ਕਿ ਪੰਜਾਬ ਵਿੱਚ ਭਗਵੰਤ ਮਾਨ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋ ਚੁੱਕੀ

ਏ , ਜੋ ਪੰਜਾਬੀਆਂ ’ਤੇ ਨਿੱਤ ਨਵੇਂ ਟੈਕਸ ਲਗਾ ਕੇ ਆਰਥਿਕ ਬੋਝ ਵਧਾ ਰਹੀ ਏ।

---------------------------------------------------------

ਅੱਜ ਤੋਂ ਪੂਰੇ ਦੇਸ਼ ਵਿੱਚ 10 ਦਿਨਾਂ ਤੱਕ ਚੱਲਣ ਵਾਲੇ ਗਣੇਸ਼ ਚਤੁਰਥੀ ਤਿਉਹਾਰ ਬੜੇ ਉਤਸ਼ਾਹ ਨਾਲ ਸ਼ੁਰੂ ਹੋ ਰਹੇ ਨੇ। ਮਹਾਰਾਸ਼ਟਰ 'ਚ ਘਰਾਂ ਅਤੇ ਜਨਤਕ ਪੰਡਾਲਾਂ 'ਚ ਗਣੇਸ਼ ਦੀਆਂ ਮੂਰਤੀਆਂ ਲਗਾਉਣ ਦੀਆਂ ਤਿਆਰੀਆਂ ਜ਼ੋਰਾਂ 'ਤੇ ਨੇ। ਇਹ 10 ਦਸ ਦਿਨਾਂ ਦਾ ਤਿਉਹਾਰ, ਜੋ ਕਿ ਮਹਾਰਾਸ਼ਟਰ ਦੀ ਸੱਭਿਆਚਾਰਕ ਵਿਰਾਸਤ ਵਿੱਚੋਂ ਇੱਕ ਏ, ਹਰ ਸਾਲ ਬਹੁਤ ਸਾਰੇ ਸੱਭਿਆਚਾਰਕ ਪ੍ਰੋਗਰਾਮਾਂ ਨਾਲ ਮਨਾਇਆ ਜਾਂਦਾ ਏ ਜਿਸ ਵਿੱਚ ਪ੍ਰਦਰਸ਼ਨ, ਮੁਕਾਬਲੇ ਸ਼ਾਮਲ ਨੇ। ਇਸ ਸਾਲ ਕਈ ਥਾਵਾਂ 'ਤੇ ਵਾਤਾਵਰਣ ਪੱਖੀ ਗਣੇਸ਼ ਉਤਸਵ ਮਨਾਇਆ ਜਾ ਰਿਹਾ ਏ ਅਤੇ ਲੋਕ ਮਿੱਟੀ ਦੀਆਂ ਮੂਰਤੀਆਂ ਦੀ ਵਰਤੋਂ ਕਰ ਰਹੇ ਨੇ।

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗਣੇਸ਼ ਚਤੁਰਥੀ ਦੇ ਮੌਕੇ 'ਤੇ

ਵਧਾਈ ਦਿੱਤੀ ਏ ।ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਖੁਸ਼ੀ ਅਤੇ ਉਤਸ਼ਾਹ ਦਾ ਇਹ ਤਿਉਹਾਰ, ਸਮਾਜਿਕ ਸਦਭਾਵਨਾ ਅਤੇ ਭਾਈਚਾਰੇ ਦਾ ਸੰਦੇਸ਼ ਦਿੰਦਾ ਏ ।ਉਪ ਰਾਸ਼ਟਰਪਤੀ  ਜਗਦੀਪ ਧਨਖੜ ਨੇ ਕਿਹਾ ਕਿ ਭਗਵਾਨ ਗਣੇਸ਼ ਗਿਆਨ, ਖੁਸ਼ਹਾਲੀ ਅਤੇ ਚੰਗੀ ਕਿਸਮਤ ਦੇ ਪ੍ਰਤੀਕ ਨੇ  ਅਤੇ ਕਰੋੜਾਂ ਲੋਕਾਂ ਦੇ ਦਿਲਾਂ ਵਿੱਚ ਵਿਸ਼ੇਸ਼ ਸਥਾਨ ਰੱਖਦੇ ਨੇ ।ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਐਕਸ ਹੈਂਡਲ 'ਤੇ ਇੱਕ ਵੀਡੀਓ ਸੰਦੇਸ਼ ਵਿੱਚ,  ਸਾਰੇ ਦੇਸ਼ ਵਾਸੀਆਂ ਨੂੰ ਗਣੇਸ਼ ਚਤੁਰਥੀ ਦੀਆਂ ਸ਼ੁਭਕਾਮਨਾਵਾਂ ਦਿਤੀਆਂ । ਉਨ੍ਹਾਂ ਨੇ ਕਿਹਾ ਕਿ ਤਿਉਹਾਰ ਸਮਾਜ ਵਿੱਚ ਨਵੇਂ ਜੀਵਨ ਦਾ ਸੰਚਾਰ ਕਰਦੇ ਨੇ । ਗਲੀ-ਗਲੀ ਵਿੱਚ ਸਜਾਏ ਗਏ ਗਣੇਸ਼ ਪੰਡਾਲ, ਨੌਜਵਾਨਾਂ ਨੂੰ ਅਗਵਾਈ  ਦੀ ਸਮਰੱਥਾ ਪ੍ਰਦਾਨ ਕਰਦੇ ਨੇ।

---------------------------------------------------------

ਜਲੰਧਰ ਦੇ ਐਸ.ਐਸ.ਪੀ. ਹਰਕਮਲਪ੍ਰੀਤ ਸਿੰਘ ਖੱਖ ਨੇ  ਨਸ਼ਾ ਛੱਡ ਚੁੱਕੇ ਨੌਜਵਾਨਾਂ ਨੂੰ ਹੁਨਰ ਸਿਖਲਾਈ ਪ੍ਰਦਾਨ ਕਰਨ ਲਈ, ਪੰਜਾਬ ਹੁਨਰ ਵਿਕਾਸ ਮਿਸ਼ਨ ਵਿਭਾਗ ਚਲਾਏ ਜਾ ਰਹੇ ਵੱਖ-ਵੱਖ ਸਿਖਲਾਈ

ਕੋਰਸਾਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਕੀਤੀ । ਇਸ ਮੌਕੇ ਉਨ੍ਹਾਂ ਕਿਹਾ ਕਿ ਨਸ਼ਾ ਛੱਡ ਚੁੱਕੇ ਅਤੇ ਨਸ਼ਾ ਛੱਡਣ ਦੇ ਚਾਹਵਾਨ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕਰਨ ਲਈ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਏ ਜਾਣ ਅਤੇ ਉਨਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਜਾਣ। ਉਨ੍ਹਾਂ ਕਿਹਾ ਕਿ ਦਿਹਾਤੀ ਖੇਤਰ ਦੇ ਥਾਣਿਆਂ ਨਾਲ ਤਾਲਮੇਲ ਕਰਕੇ ਹਰ ਹਫ਼ਤੇ ਨਸ਼ਾ ਛੱਡ ਚੁੱਕੇ ਨੌਜਵਾਨਾਂ ਨੂੰ ਪੰਜਾਬ ਹੁਨਰ ਵਿਕਾਸ ਮਿਸ਼ਨ ਵਲੋਂ ਚਲਾਏ ਜਾ ਰਹੇ ਸਿਖਲਾਈ ਕੋਰਸਾਂ ਬਾਰੇ ਜਾਣਕਾਰੀ ਮੁਹੱਈਆ ਕਰਵਾਈ ਜਾਵੇ ਤਾਂ ਜੋ ਅਜਿਹੇ ਨੌਜਵਾਨਾਂ ਇਨ੍ਹਾਂ ਕੋਰਸਾਂ ਦਾ ਵੱਧ ਤੋਂ ਵੱਧ ਲਾਭ ਉਠਾ ਕੇ ਸੂਬੇ ਦੀ ਆਰਥਿਕ ਤਰੱਕੀ ਵਿੱਚ ਸਰਗਰਮ ਭੂਮਿਕਾ ਨਿਭਾ ਸਕਣ ।ਇਸ ਮੌਕੇ ਪੰਜਾਬ ਹੁਨਰ ਵਿਕਾਸ ਮਿਸ਼ਨ ਦੇ ਬਲਾਕ ਮਿਸ਼ਨ ਮੈਨੇਜਰ ਸੂਰਜ ਕਲੇਰ ਨੇ ਦੱਸਿਆ ਕਿ ਨੌਜਵਾਨਾਂ ਨੂੰ ਵੱਖ-ਵੱਖ ਸਿਖਲਾਈ ਕੋਰਸਾਂ ਜਿਵੇਂ ਡੀ-ਡਗਕੀ, ਸੀ-ਪਾਈਟ ਅਤੇ ਹੁਨਰ ਵਿਕਾਸ ਯੋਜਨਾ ਬਾਰੇ ਜਾਣੂੰ ਕਰਵਾਇਆ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਪੰਜਾਬ ਹੁਨਰ ਵਿਕਾਸ ਮਿਸ਼ਨ ਵਲੋਂ ਅਜਿਹੇ ਨੌਜਵਾਨਾਂ ਨਾਲ ਰਾਬਤਾ ਕਾਇਮ ਕਰਕੇ ਹੁਨਰ

ਸਿਖਲਾਈ ਕੇਂਦਰਾਂ ਵਿੱਚ ਹੁਨਰ ਸਿਖਲਾਈ ਮੁਹੱਈਆ ਕਰਵਾਈ ਜਾਵੇਗੀ।

---------------------------------------------------------

ਫਾਜ਼ਿਲਕਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਿੰਡ ਖੂਈਆਂ ਸਰਵਰ ਵਿੱਚ ਕੈਂਪ ਲਗਾਇਆ ਗਿਆ ।ਕੈਂਪ ਵਿੱਚ ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਲਈ ਵਰਤੇ ਜਾਣ ਵਾਲੇ ਵੱਖ ਵੱਖ ਮਸ਼ੀਨਾਂ ਦੀ ਸੁਚੱਜੀ ਵਰਤੋਂ ਸਬੰਧੀ ਜਾਣਕਾਰੀ ਦਿੱਤੀ । ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾਉਣ ਨਾਲ ਮਿੱਟੀ, ਵਾਤਾਵਰਨ ਨੂੰ ਹੋ ਰਹੇ ਨੁਕਸਾਨ ਅਤੇ ਪਰਾਲੀ ਨੂੰ ਜ਼ਮੀਨ ਵਿੱਚ ਵਾਹਨ ਨਾਲ ਹੋਣ ਵਾਲੇ ਫਾਇਦੇ ਬਾਰੇ ਜਾਣੂ ਕਰਵਾਇਆ । ਉਨ੍ਹਾਂ ਕਿਹਾ ਕਿ ਪਰਾਲੀ ਦੀ ਸਾਂਭ-ਸੰਭਾਲ ਲਈ ਸਰਕਾਰ ਵੱਲੋਂ ਸਬਸਿਡੀ 'ਤੇ ਮਸ਼ੀਨਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਨੇ । ਉਨ੍ਹਾਂ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਇਸਦੇ ਨਾਲ ਹੀ ਨਰਮੇ ਵਿੱਚ ਖਾਦ ਪ੍ਰਬੰਧਨ, ਨਰਮੇ ਵਿੱਚ ਚਿੱਟੀ ਮੱਖੀ, ਗੁਲਾਬੀ ਸੁੰਡੀ ਦੇ ਹਮਲੇ ਨੂੰ ਰੋਕਣ ਲਈ ਕੀੜੇਮਾਰ ਦਵਾਈਆਂ ਬਾਰੇ ਅਤੇ ਝੋਨੇ ਦੇ ਕੀਟ, ਬਿਮਾਰੀਆਂ ਸਬੰਧੀ ਅਤੇ ਉਨ੍ਹਾਂ ਨੂੰ ਰੋਕਣ ਲਈ

ਪੈਸਟੀਸਾਇਡ ਸਬੰਧੀ ਜਾਗਰੂਕ ਕੀਤਾ । ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਕਿਸਾਨਾਂ ਦੀ ਭਲਾਈ ਲਈ ਲਗਾਤਾਰ ਕਾਰਜਸ਼ੀਲ ਏ । ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਸਮੇਂ-ਸਮੇਂ 'ਤੇ ਫਸਲ ਦੀ ਸਾਂਭ-ਸੰਭਾਲ ਅਤੇ ਦਵਾਈਆਂ ਦੇ ਛਿੜਕਾਅ ਬਾਰੇ ਖੇਤੀਬਾੜੀ ਅਮਲਾ ਜਾਗਰੂਕ ਕਰ ਰਿਹਾ ਏ । ਉਨ੍ਹਾਂ ਕਿਹਾ ਕਿ ਫਸਲ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਸਿਫਾਰਸ਼ ਕੀਤੀਆਂ ਦਵਾਈਆਂ ਦੀ ਹੀ ਵਰਤੋਂ ਕਰਨ ਸਬੰਧੀ ਵੀ ਜਾਣਕਾਰੀ ਸਾਂਝੀ ਕੀਤੀ ਜਾ ਰਹੀ ਏ ।

-----------------------------------------------------

ਫ਼ਤਹਿਗੜ੍ਹ ਸਾਹਿਬ ਵਿਖੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਰਾਲੀ ਦੀ ਸੰਭਾਲ ਬਰਵਾਲੀ ਖੁਰਦ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ | ਬਲਾਕ ਖੇਤੀਬਾੜੀ ਅਫਸਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਕਈ ਤਰਾਂ ਦੀਆਂ ਸਮਸਿਆਵਾਂ ਪੈਦਾ ਹੋ ਰਹੀਆਂ ਨੇ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਤੀ ਮਾਹਰਾਂ ਵੱਲੋਂ ਕਈ ਤਰਾਂ ਦੀਆਂ ਮਸ਼ੀਨਾਂ

ਵਿਕਸਤ ਕੀਤੀਆਂ ਗਈਆ ਨੇ , ਜਿਸ ਨਾਲ ਪਰਾਲੀ ਨੂੰ ਬਹੁਤ ਆਸਾਨੀ ਨਾਲ ਖੇਤਾਂ ਵਿਚ ਮਿਲੇ ਜਾ ਸਕਦਾ ਏ |

---------------------------------------------------------------

ਮੌਸਮ ਵਿਭਾਗ ਨੇ ਉੱਤਰੀ ਭਾਰਤ ਵਿੱਚ ਸਰਗਰਮ, ਪੱਛਮੀ ਗੜਬੜੀ ਕਾਰਨ ਕਲ ਮੋਹਾਲੀ ਸਮੇਤ ਪੰਜਾਬ ਦੇ ਕਈ ਜ਼ਿਲਿਆਂ 'ਚ ਮੀਂਹ ਪਿਆ ਏ ਜਦਕਿ ਅੱਜ ਚੰਡੀਗੜ੍ਹ ਸਮੇਤ ਹੋਰਨਾਂ ਜ਼ਿਲਿਆਂ 'ਚ ਵੀ ਮੀਂਹ ਪੈਣ ਦੀ ਸੰਭਾਵਨਾ ਦੱਸੀ ਗਈ ਏ। ਬਠਿੰਡਾ ਵਿੱਚ ਸਭ ਤੋਂ ਵੱਧ ਤਾਪਮਾਨ 35.3 ਡਿਗਰੀ ਦਰਜ ਕੀਤਾ ਗਿਆ। ਚੰਡੀਗੜ੍ਹ ਵਿੱਚ ਪਿਛਲੇ 24 ਘੰਟਿਆਂ ਵਿੱਚ 62 ਮਿਲੀ-ਮੀਟਰ ਮੀਂਹ ਦਰਜ ਕੀਤਾ ਗਿਆ ਜਦੋਂ ਕਿ ਪਠਾਨਕੋਟ ਵਿੱਚ 10.8 ਮਿਲੀ-ਮੀਟਰ,ਰੂਪਨਗਰ ਵਿੱਚ 5.7 , ਲੁਧਿਆਣਾ ਵਿੱਚ 3.6 ਗੁਰਦਾਸਪੁਰ ਵਿੱਚ 3.4 ਅਤੇ ਸ਼ਹੀਦ ਭਗਤ ਸਿੰਘ ਨਗਰ ਵਿੱਚ 4.5 ਮਿਲੀ-ਮੀਟਰ ਮੀਂਹ ਦਰਜ ਕੀਤਾ ਗਿਆ। ਮੌਸਮ ਵਿਭਾਗ ਅਨੁਸਾਰ ਅੱਜ ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ, ਐਸ.ਏ.ਐਸ ਨਗਰ, ਫਤਿਹਗੜ੍ਹ ਸਾਹਿਬ, ਪਟਿਆਲਾ ਦੇ

ਨਾਲ-ਨਾਲ ਚੰਡੀਗੜ੍ਹ ਵਿੱਚ ਵੀ ਦਰਮਿਆਨੀ ਵਰਖਾ ਹੋਣ ਦੀ ਸੰਭਾਵਨਾ ਏ।